# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 22-12-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਰੋਜ਼ਗਾਰ ਮੇਲੇ ਦੌਰਾਨ ਵੀਡੀਓ ਕਾਨਫਰੰਸਿੰਗ ਰਾਹੀਂ, ਨਵੇਂ ਨਿਯੁਕਤ ਕੀਤੇ ਗਏ ਨੌਜਵਾਨਾਂ ਨੂੰ 71 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡਣਗੇ।
- ਮੋਹਾਲੀ ਵਿਚ ਹਾਦਸਾਗ੍ਰਸਤ ਹੋਈ ਇਮਾਰਤ ਵਿਚ ਬਚਾਅ ਕਾਰਜ ਮੁਕੰਮਲ ਹੋਏ ।
- 10ਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦਿਆਂ ਤੇ ਸ੍ਰੀ ਚਮਕੌਰ ਸਾਹਿਬ ਦੇ ਸਮੂਹ ਸਿੰਘਾਂ ਸ਼ਹੀਦਾਂ ਦੀ ਯਾਦ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਸਮਾਗਮ ਦਾ ਆਯੋਜਨ ।
- ਜਲੰਧਰ ਦਿਹਾਤੀ ਪੁਲਿਸ ਨੇ, ਨਸ਼ਾ ਤਸਕਰਾਂ ਖਿਲਾਫ ਕਰਵਾਈ ਕਰਦਿਆਂ, ਚਾਰ ਮਾਮਲਿਆਂ ਵਿੱਚ ਸ਼ਾਮਲ ਅਪਰਾਧੀਆਂ ਦੀਆਂ,

ਸਾਢੇ 84 ਲੱਖ ਰੁਪਏ ਤੋਂ ਵੱਧ  ਦੀਆਂ ਜਾਇਦਾਦਾਂ ਜ਼ਬਤ ਕੀਤੀਆਂ ।

- ਭਾਰਤ ਨੇ ਕੁਆਲਾਲੰਪੁਰ ਵਿੱਚ, ਔਰਤਾਂ ਦੇ ਟਵੈਂਟੀ-ਟਵੈਂਟੀ ਏਸ਼ੀਆ ਕੱਪ ਦਾ ਖ਼ਿਤਾਬ ਜਿਤਿਆ ।

------------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਰੋਜ਼ਗਾਰ ਮੇਲੇ ਦੌਰਾਨ ਵੀਡੀਓ ਕਾਨਫਰੰਸਿੰਗ ਰਾਹੀਂ, ਨਵੇਂ ਨਿਯੁਕਤ ਕੀਤੇ ਗਏ ਨੌਜਵਾਨਾਂ ਨੂੰ 71 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡਣਗੇ । ਇਸ ਮੌਕੇ ਉਹ ਇਕੱਠ ਨੂੰ ਸੰਬੋਧਨ ਵੀ ਕਰਨਗੇ । ਰੋਜ਼ਗਾਰ ਮੇਲਾ ਬੀ.ਐਸ.ਐਫ ਦੇ ਜਲੰਧਰ ਫਰੰਟੀਅਰ ਹੈੱਡ-ਕੁਆਰਟਰ ਸਮੇਤ ਦੇਸ਼ ਭਰ ਵਿੱਚ 45 ਥਾਵਾਂ 'ਤੇ ਲਾਇਆ ਜਾਵੇਗਾ । ਜਲੰਧਰ ਵਿਖੇ ਕਰਵਾਏ ਜਾ ਰਹੇ ਇਸ ਪ੍ਰੋਗਰਾਮ ਵਿੱਚ, ਖੁਰਾਕ  ਪ੍ਰੋਸੈਸਿੰਗ ਸਨਅਤ ਅਤੇ ਰੇਲਵੇ ਰਾਜ ਮੰਤਰੀ, ਰਵਨੀਤ ਸਿੰਘ ਬਿੱਟੂ ਸ਼ਾਮਲ ਹੋਣਗੇ। ਕੇਂਦਰੀ ਹਥਿਆਰਬੰਦ ਪੁਲਿਸ ਬਲਾਂ ਅਤੇ ਸਿਵਲ ਸੰਸਥਾਵਾਂ ਦੇ ਕੁੱਲ 200 ਉਮੀਦਵਾਰਾਂ ਨੂੰ ਨਿਯੁਕਤੀ ਪੱਤਰ ਵੰਡੇ ਜਾਣਗੇ।

-------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਸੋਮਵਾਰ ਨੂੰ ਨਵੀਂ ਦਿੱਲੀ ਵਿੱਚ, ਕ੍ਰਿਸਮਸ ਦੇ ਜਸ਼ਨਾਂ ਵਿੱਚ ਸ਼ਾਮਲ ਹੋਣਗੇ। ਇਸ ਸਮਾਗਮ ਦੀ ਮੇਜ਼ਬਾਨੀ, ਭਾਰਤ ਦੇ ਕੈਥੋਲਿਕ ਬਿਸ਼ਪ ਸੰਮੇਲਨ ਦੁਆਰਾ ਕੀਤੀ ਜਾ ਰਹੀ ਏ। ਪ੍ਰਧਾਨ ਮੰਤਰੀ ਕਾਰਡੀਨਲ, ਬਿਸ਼ਪ ਅਤੇ ਚਰਚ ਦੇ ਪ੍ਰਮੁੱਖ ਨੇਤਾਵਾਂ ਸਮੇਤ ਈਸਾਈ ਭਾਈਚਾਰੇ ਦੇ ਪ੍ਰਮੁੱਖ ਨੇਤਾਵਾਂ ਨਾਲ ਗੱਲਬਾਤ ਕਰਨਗੇ। ਇਹ ਪਹਿਲੀ ਵਾਰ ਏ, ਜਦੋਂ ਪ੍ਰਧਾਨ ਮੰਤਰੀ, ਦੇਸ਼ ਵਿੱਚ ਕੈਥੋਲਿਕ ਚਰਚ ਦੇ ਹੈੱਡ-ਕੁਆਰਟਰ ਵਿੱਚ ਇਸ ਤਰ੍ਹਾਂ ਦੇ ਪ੍ਰੋਗਰਾਮ ਵਿੱਚ ਸ਼ਾਮਲ ਹੋਣਗੇ।

-------------------------------------------------------------------------------

ਮੋਹਾਲੀ ਦੇ ਪਿੰਡ ਸੋਹਾਣਾ ਵਿਚ ਬੀਤੀ ਸ਼ਾਮ ਤਿੰਨ ਮੰਜ਼ਿਲਾ ਇਮਾਰਤ ਡਿੱਗਣ ਕਾਰਨ 2 ਵਿਅਕਤੀਆਂ ਦੀ ਮੌਤ ਹੋਈ ਏ। ਮਰਨ ਵਾਲਿਆਂ ਵਿੱਚ ਹਿਮਾਚਲ ਪ੍ਰਦੇਸ਼ ਦੇ ਥੀਓਗ ਨਾਲ ਸਬੰਧਤ ਇਕ ਕੁੜੀ ਅਤੇ ਅੰਬਾਲਾ ਨਾਲ ਸਬੰਧਤ ਇਕ ਨੌਜਵਾਨ ਸ਼ਾਮਲ ਏ। ਮੋਹਾਲੀ ਦੇ ਕਾਰਜਕਾਰੀ ਡਿਪਟੀ ਕਮਿਸ਼ਨਰ ਵਿਰਾਜ ਐਸ ਤਿੜਕੇ ਦੇ ਹਵਾਲੇ ਨਾਲ, ਸਾਡੇ

ਜਲੰਧਰ ਵਾਲੇ ਪੱਤਰਕਾਰ ਨੇ ਦੱਸਿਆ ਏ ਕਿ 23 ਘੰਟਿਆਂ ਦੀ ਨਿਰੰਤਰ ਮੁਸ਼ੱਕਤ ਮਗਰੋਂ, ਬਚਾਅ ਕਾਰਜ ਸਮਾਪਤ ਹੋ ਗਏ ਨੇ । ਉਨ੍ਹਾਂ ਦਸਿਆ ਕਿ NDRF ਦੇ ਸੁਝਾਅ ਮੁਤਾਬਿਕ, ਨਿਰੰਤਰ ਮੁਸ਼ੱਕਤ ਮਗਰੋਂ, ਬਚਾਅ ਕਾਰਜ ਮੁਕੰਮਲ ਹੋ ਗਏ ਨੇ। ਉਨ੍ਹਾਂ ਦਸਿਆ ਕਿ ਇਸ ਹਾਦਸੇ ਵਿਚ ਫਿਲਹਾਲ ਕਿਸੇ ਹੋਰ ਜਾਨੀ ਨੁਕਸਾਨ ਦੀ ਖ਼ਬਰ ਨਹੀਂ ਏ। ਹਾਦਸਾਗ੍ਰਸਤ ਹੋਈ ਇਮਾਰਤ ਦੇ ਮਾਲਕਾਂ ਖ਼ਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਏ ਅਤੇ ਪੁਲਿਸ ਉਨ੍ਹਾਂ ਦੀ ਭਾਲ ਕਰ ਰਹੀ ਏ।

-----------------------------------------------------------------------------------

ਪੰਜਾਬ 'ਚ ਬੀਤੇ ਦਿਨ ਹੋਈਆਂ ਸਥਾਨਕ ਚੋਣਾਂ 'ਚ, ਸੱਤਾਧਾਰੀ ਆਮ ਆਦਮੀ ਪਾਰਟੀ ਨੇ ਪਟਿਆਲਾ ਨਗਰ ਨਿਗਮ ਚੋਣਾਂ 'ਚ ਜਿੱਤ ਹਾਸਲ ਕੀਤੀ ਏ ਜਦਕਿ ਅੱਜ ਮਿਲੀ ਜਾਣਕਾਰੀ ਮੁਤਾਬਿਕ ਅੰਮ੍ਰਿਤਸਰ ਵਿਚ ਕਾਂਗਰਸ ਨੇ 85 ਵਿਚੋਂ 40 ਵਾਰਡ ਜਿੱਤ ਕੇ ਆਪਣੀ ਜਿੱਤ ਦਰਜ ਕੀਤੀ ਏ । ਆਮ ਆਦਮੀ ਪਾਰਟੀ ਨੇ 24 ਵਾਰਡ ਜਿਤੇ ਨੇ । ਲੁਧਿਆਣਾ ਅਤੇ ਫਗਵਾੜਾ ਵਿੱਚ ਕਿਸੇ ਵੀ ਪਾਰਟੀ ਨੂੰ ਸਪੱਸ਼ਟ ਬਹੁਮਤ

ਨਹੀਂ ਮਿਲਿਆ ਏ। ਅਧਿਕਾਰਤ ਸੂਤਰਾਂ ਮੁਤਾਬਕ ਇਨਾ ਚੋਣਾਂ ਵਿੱਚ 65.85 ਫੀਸਦੀ ਮਤਦਾਨ ਦਰਜ ਕੀਤਾ ਗਿਆ।

---------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਕੁਵੈਤ ਦੇ ਅਮੀਰ, ਸ਼ੇਖ ਮੇਸ਼ਲ ਅਲ-ਅਹਿਮਦ ਅਲ-ਜਾਬਰ ਅਲ ਸਬਾਹ ਨਾਲ ਮੁਲਾਕਾਤ ਕੀਤੀ। ਉਨ੍ਹਾਂ ਨੇ ਫਾਰਮਾਸਿਊਟੀਕਲ, ਸੂਚਨਾ ਤਕਨਾਲਜੀ, ਫਿਨਟੈਕ, ਬੁਨਿਆਦੀ ਢਾਂਚਾ ਅਤੇ ਸੁਰੱਖਿਆ ਵਰਗੇ ਪ੍ਰਮੁੱਖ ਖੇਤਰਾਂ ਵਿੱਚ ਸਹਿਯੋਗ ਬਾਰੇ ਚਰਚਾ ਕੀਤੀ। ਇੱਕ ਸੋਸ਼ਲ ਮੀਡੀਆ ਪੋਸਟ ਵਿੱਚ, ਸ਼੍ਰੀ ਮੋਦੀ ਨੇ ਕਿਹਾ ਕਿ ਭਾਰਤ ਅਤੇ ਕੁਵੈਤ ਨੇ ਦੁਵੱਲੀ ਭਾਈਵਾਲੀ ਨੂੰ ਵਧਾ ਕੇ ਰਣਨੀਤਕ ਪੱਧਰ ਤੱਕ ਪਹੁੰਚਾਇਆ ਏ. ਉਨ੍ਹਾਂ ਆਸ ਪ੍ਰਗਟਾਈ ਕਿ ਆਉਣ ਵਾਲੇ ਸਮੇਂ ਵਿੱਚ ਇਹ ਦੋਸਤੀ ਹੋਰ ਵੀ ਵਧੇਗੀ, ਦੋਵਾਂ ਨੇਤਾਵਾਂ ਨੇ ਦੋਹਾਂ ਦੇਸ਼ਾਂ ਦਰਮਿਆਨ ਮਜ਼ਬੂਤ ਇਤਿਹਾਸਕ ਅਤੇ ਦੋਸਤਾਨਾ ਸਬੰਧਾਂ ਨੂੰ ਯਾਦ ਕੀਤਾ ਅਤੇ ਦੁਵੱਲੇ ਸਹਿਯੋਗ ਨੂੰ ਹੋਰ ਵਧਾਉਣ ਅਤੇ ਡੂੰਘਾ ਕਰਨ ਲਈ ਆਪਣੀ ਪੂਰੀ ਵਚਨਬੱਧਤਾ ਦੀ ਪੁਸ਼ਟੀ ਕੀਤੀ । ਪ੍ਰਧਾਨ ਮੰਤਰੀ ਨੇ ਕੁਵੈਤ ਵਿੱਚ 10 ਲੱਖ ਤੋਂ ਵੱਧ ਮਜ਼ਬੂਤ ਭਾਰਤੀ ਭਾਈਚਾਰੇ ਦੀ ਭਲਾਈ

ਨੂੰ ਯਕੀਨੀ ਬਣਾਉਣ ਲਈ ਕੁਵੈਤ ਦੇ ਅਮੀਰ ਦਾ ਧੰਨਵਾਦ ਕੀਤਾ। ਮਹਾਮਹਿਮ ਅਮੀਰ ਨੇ ਕੁਵੈਤ ਦੇ ਵਿਕਾਸ ਵਿੱਚ ਵਿਸ਼ਾਲ ਅਤੇ ਜੀਵੰਤ ਭਾਰਤੀ ਭਾਈਚਾਰੇ ਦੇ ਯੋਗਦਾਨ ਦੀ ਸ਼ਲਾਘਾ ਕੀਤੀ। ਪ੍ਰਧਾਨ ਮੰਤਰੀ ਨੇ ਆਪਣੇ ਵਿਜ਼ਨ 2035 ਨੂੰ ਪੂਰਾ ਕਰਨ ਲਈ ਕੁਵੈਤ ਵੱਲੋਂ ਕੀਤੀਆਂ ਜਾ ਰਹੀਆਂ ਨਵੀਆਂ ਪਹਿਲਕਦਮੀਆਂ ਦੀ ਤਾਰੀਫ਼ ਕੀਤੀ ਅਤੇ ਇਸ ਮਹੀਨੇ ਦੇ ਸ਼ੁਰੂ ਵਿੱਚ GCC ਸਿਖਰ ਸੰਮੇਲਨ ਨੂੰ ਸਫਲਤਾ ਨਾਲ ਕਰਾਉਣ ਲਈ ਕੁਵੈਤ ਦੇ ਅਮੀਰ ਨੂੰ ਵਧਾਈ ਦਿੱਤੀ। ਪ੍ਰਧਾਨ ਮੰਤਰੀ ਨੇ ਕੱਲ੍ਹ ਅਰਬੀ ਖਾੜੀ ਕੱਪ ਦੇ ਉਦਘਾਟਨੀ ਸਮਾਰੋਹ ਵਿੱਚ ਸਨਮਾਨਿਤ ਮਹਿਮਾਨ ਵਜੋਂ ਉਨ੍ਹਾਂ ਨੂੰ ਸੱਦਾ ਦੇਣ ਲਈ ਵੀ ਧੰਨਵਾਦ ਪ੍ਰਗਟ ਕੀਤਾ। ਕੁਵੈਤ ਦੇ ਅਮੀਰ ਨੇ ਪ੍ਰਧਾਨ ਮੰਤਰੀ ਵੱਲੋਂ ਜ਼ਾਹਿਰ ਕੀਤੀਆਂ ਭਾਵਨਾਵਾਂ ਦੇ ਪ੍ਰਤੀਕਰਮ ਵਿਚ ਕੁਵੈਤ ਅਤੇ ਖਾੜੀ ਖੇਤਰ ਵਿੱਚ ਇੱਕ ਅਹਿਮ ਭਾਈਵਾਲ ਵਜੋਂ ਭਾਰਤ ਦੀ ਭੂਮਿਕਾ ਲਈ ਪ੍ਰਸ਼ੰਸਾ ਪ੍ਰਗਟ ਕੀਤੀ ।

-------------------------------------------------------------------------------

ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੇ ਕਿਹਾ ਏ ਕਿ ਖੇਤੀਬਾੜੀ,ਦਿਹਾਤੀ ਵਿਕਾਸ ਦਾ ਧੁਰਾ ਏ ਅਤੇ ਜਦੋਂ ਤੱਕ ਦਿਹਾਤੀ ਦ੍ਰਿਸ਼

ਨਹੀਂ ਬਦਲਦਾ, ਦੇਸ਼ ਦਾ ਵਿਕਾਸ ਨਹੀਂ ਹੋ ਸਕਦਾ । ਅੱਜ ਨਵੀਂ ਦਿੱਲੀ ਵਿੱਚ ਚੌਧਰੀ ਚਰਨ ਸਿੰਘ ਅਵਾਰਡ 2024 ਦੇ ਜੇਤੂਆਂ ਨਾਲ ਗੱਲਬਾਤ ਕਰਦੇ ਹੋਏ, ਸ਼੍ਰੀ ਧਨਖੜ ਨੇ ਕਿਹਾ ਕਿ ਦਿਹਾਤੀ ਅਰਥ-ਵਿਵਸਥਾ ਉਦੋਂ ਹੀ ਵਧ ਸਕਦੀ ਏ, ਜਦੋਂ ਕਿਸਾਨ ਅਤੇ ਉਨ੍ਹਾਂ ਦੇ ਪਰਿਵਾਰ ਮੰਡੀਕਰਨ, ਮੁੱਲ ਵਾਧੇ ਅਤੇ ਕਲੱਸਟਰਾਂ ਵਿੱਚ ਸਵੈ-ਨਿਰਭਰ ਹੋਣ । ਉਪ ਰਾਸ਼ਟਰਪਤੀ ਨੇ ਚੌਧਰੀ ਚਰਨ ਸਿੰਘ ਦੇ ਪੇਂਡੂ ਵਿਕਾਸ, ਕਿਸਾਨਾਂ ਦੀ ਭਲਾਈ ਅਤੇ ਸਮਾਵੇਸ਼ੀ ਵਿਕਾਸ ਪ੍ਰਤੀ ਅਣਥੱਕ ਸਮਰਪਣ ਨੂੰ ਉਜਾਗਰ ਕਰਦਿਆਂ, ਉਨ੍ਹਾਂ ਦੀ ਸ਼ਲਾਘਾ ਕੀਤੀ ।

------------------------------------------------------------------------------------------------

ਦਸਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦੇ ਬਾਬਾ ਅਜੀਤ ਸਿੰਘ ਜੀ, ਬਾਬਾ ਜੁਝਾਰ ਸਿੰਘ ਜੀ ਅਤੇ ਸ੍ਰੀ ਚਮਕੌਰ ਸਾਹਿਬ ਦੇ ਸਮੂਹ ਸ਼ਹੀਦਾਂ ਦੀ ਯਾਦ ਵਿਚ ਅੱਜ ਗੁਰਦੁਆਰਾ ਸ੍ਰੀ ਮੰਜੀ ਸਾਹਿਬ ਦੀਵਾਨ ਹਾਲ ਵਿਖੇ, ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਗੁਰਮਤਿ ਸਮਾਗਮ ਕਰਵਾਇਆ ਗਿਆ। ਸਮੂਹ ਸ਼ਹੀਦਾਂ ਦੀ ਯਾਦ ਵਿੱਚ ਰੱਖੇ ਗਏ, ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸੱਚਖੰਡ ਸ੍ਰੀ

ਹਰਿਮੰਦਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਸੁਖਪ੍ਰੀਤ ਸਿੰਘ ਦੇ ਜਥੇ ਨੇ ਸੰਗਤ ਨੂੰ ਗੁਰਬਾਣੀ ਕੀਰਤਨ ਨਾਲ ਜੋੜਿਆ । ਇਸ ਉਪਰੰਤ ਗੁਰਮਤਿ ਸਮਾਗਮ ਚਲਦੇ ਰਹੇ ਜਿਸ ਵਿੱਚ ਵੱਖ-ਵੱਖ ਕਵੀਸ਼ਰੀ, ਕਥਾਵਾਚਕ ਅਤੇ ਢਾਡੀ ਜਥਿਆਂ ਨੇ ਸੰਗਤ ਨਾਲ ਸ਼ਹੀਦਾਂ ਦਾ ਇਤਿਹਾਸ ਸਾਂਝਾ ਕਰਦਿਆਂ ਸਤਿਕਾਰ ਭੇਟ ਕੀਤਾ। ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦਿਆਂ ਅਤੇ ਸ੍ਰੀ ਚਮਕੌਰ ਸਾਹਿਬ ਦੇ ਸਮੂਹ ਸ਼ਹੀਦਾਂ ਨੂੰ ਸ਼ਰਧਾ ਤੇ ਸਤਿਕਾਰ ਭੇਟ ਕੀਤਾ ਏ । ਐਡਵੋਕੇਟ ਧਾਮੀ ਨੇ ਸਾਹਿਬਜ਼ਾਦਿਆਂ ਦੇ ਜੀਵਨ ਤੋਂ ਧਰਮ ਪ੍ਰਤੀ ਦ੍ਰਿੜ੍ਹਤਾ, ਉਨ੍ਹਾਂ ਦੀ ਹੱਕ ਸੱਚ ਨਾਲ ਖੜ੍ਹਣ ਦੀ ਵਚਨਬੱਧਤਾ ਤੋਂ ਪ੍ਰੇਰਣਾ ਲੈਣ ਦੀ ਅਪੀਲ ਕੀਤੀ। ਉਨ੍ਹਾਂ ਕਿਹਾ ਕਿ ਸਾਹਿਬਜ਼ਾਦੇ ਸਿੱਖ ਧਰਮ ਦੇ ਉਹ ਮਰਗਦਰਸ਼ਕ ਨੇ ਜਿਨ੍ਹਾਂ ਨੇ ਛੋਟੀ ਉਮਰਾਂ ਵਿੱਚ ਵੱਡੇ ਪੂਰਨੇ ਪਾਏ । ਇਸੇ ਦੌਰਾਨ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਵੱਲੋਂ ਹੋਏ ਹੁਕਮ ਅਨੁਸਾਰ ਦਸਮ ਪਾਤਸ਼ਾਹ ਜੀ ਦੇ ਵੱਡੇ ਸਾਹਿਜ਼ਾਦੇ ਬਾਬਾ ਅਜੀਤ ਸਿੰਘ ਜੀ ਅਤੇ ਬਾਬਾ ਜੁਝਾਰ ਸਿੰਘ ਜੀ ਸਮੇਤ ਚਮਕੌਰ ਦੀ ਜੰਗ

ਦੇ ਸਮੂਹ ਸ਼ਹੀਦਾਂ ਨੂੰ ਯਾਦ ਕਰਦਿਆਂ, ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਨਮੁਖ ਸਵੇਰੇ 10 ਵਜੇ ਦਸ ਮਿੰਟ ਲਈ ਗੁਰਮੰਤਰ ਅਤੇ ਮੂਲਮੰਤਰ ਦੇ ਜਾਪ ਕੀਤੇ ਗਏ। ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੁੱਖ ਗ੍ਰੰਥੀ ਗਿਆਨੀ ਮਲਕੀਤ ਸਿੰਘ ਨੇ ਸੰਗਤ ਨੂੰ ਦਸ ਮਿੰਟ ਲਈ ਗੁਰਮੰਤਰ ਅਤੇ ਮੂਲਮੰਤਰ ਦੇ ਜਾਪ ਕਰਵਾਏ। ਇਸ ਮੌਕੇ ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਦੇ ਮੁੱਖ ਗ੍ਰੰਥੀ ਤੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਜਥੇਦਾਰ ਸਿੰਘ ਸਾਹਿਬ ਗਿਆਨੀ ਰਘਬੀਰ ਸਿੰਘ ਨੇ ਵੀ ਸ਼ਮੂਲੀਅਤ ਕਰਕੇ ਗੁਰਮੰਤਰ ਅਤੇ ਮੂਲਮੰਤਰ ਦੇ ਜਾਪ ਕੀਤੇ । ਉਨ੍ਹਾਂ ਸ੍ਰੀ ਚਮਕੌਰ ਸਾਹਿਬ ਦੇ ਸ਼ਹੀਦਾਂ ਦੀ ਕੁਰਬਾਨੀ ਨੂੰ ਸਿੱਖ ਕੌਮ ਦੇ ਇਤਿਹਾਸ ਅੰਦਰ ਇੱਕ ਮਿਸਾਲੀ ਪੰਨਾ ਕਰਾਰ ਦਿੱਤਾ। ਉਨ੍ਹਾਂ ਕਿਹਾ ਕਿ ਕੌਮ ਇਨ੍ਹਾਂ ਸ਼ਹਾਦਤਾਂ ਨੂੰ ਹਮੇਸ਼ਾ ਯਾਦ ਰੱਖੇਗੀ ਅਤੇ ਇਸ ਤੋਂ ਸੇਧ ਲੈਂਦੀ ਰਹੇਗੀ।

---

ਜਲੰਧਰ ਦਿਹਾਤੀ ਪੁਲਿਸ ਨੇ,ਨਸ਼ੀਲੇ ਪਦਾਰਥਾਂ ਦੇ ਵਪਾਰ ਨੂੰ ਠੱਲ੍ਹ ਪਾਉਣ ਲਈ, ਨਸ਼ਾ ਤਸਕਰਾਂ ਖਿਲਾਫ ਇਕ ਵੱਡੀ ਕਰਵਾਈ ਕਰਦਿਆਂ, ਚਾਰ NDPS ਮਾਮਲਿਆਂ ਵਿੱਚ ਸ਼ਾਮਲ ਅਪਰਾਧੀਆਂ ਦੀਆਂ ਸਾਢੇ 84

ਲੱਖ ਰੁਪਏ ਤੋਂ ਵੱਧ ਦੀਆਂ ਜਾਇਦਾਦਾਂ ਨੂੰ ਜ਼ਬਤ ਕਰਨ ਵਿੱਚ ਸਫਲਤਾ ਹਾਸਲ ਕੀਤੀ ਏ । ਨਵੀਂ ਦਿੱਲੀ ਦੀ ਸਮਰੱਥ ਸਰਕਾਰੀ ਅਥਾਰਟੀ ਨੇ ਪੁਲਿਸ ਵਲੋਂ ਪੇਸ਼ ਕੀਤੀਆਂ ਤਜਵੀਜ਼ਾਂ ਦੇ ਬਾਅਦ ਪਿਛਲੇ ਚਾਰ ਮਹੀਨਿਆਂ ਵਿੱਚ ਇਹਨਾਂ ਜਾਇਦਾਦਾਂ ਨੂੰ ਜ਼ਬਤ ਕਰਨ ਦੀ ਪੁਸ਼ਟੀ ਕੀਤੀ ਏ। ਇਸ ਗੱਲ ਦਾ ਖੁਲਾਸਾ ਕਰਦਿਆਂ, ਦਿਹਾਤੀ ਪੁਲਿਸ ਜਲੰਧਰ ਦੇ ਪੁਲਿਸ ਮੁਖੀ ਹਰਕਮਲ ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਪੁਲਿਸ ਨੇ, ਪਿਛਲੇ ਚਾਰ ਮਹੀਨਿਆਂ ਤੋਂ ਲਗਾਤਾਰ ਸਖ਼ਤ ਕਾਰਵਾਈ ਕਰਦੇ ਹੋਏ ਅਪਰਾਧਿਕ ਅਨਸਰਾਂ 'ਤੇ ਸ਼ਿਕੰਜਾ ਕੱਸਿਆ ਏ । ਜ਼ਬਤ ਕੀਤੀਆਂ ਜਾਇਦਾਦਾਂ ਬਾਰੇ ਜਾਣਕਾਰੀ ਦਿੰਦਿਆਂ, ਸੀਨੀਅਰ ਪੁਲਿਸ ਕਪਤਾਨ ਹਰਕਮਲ ਪ੍ਰੀਤ ਸਿੰਘ ਖੱਖ ਨੇ ਦੱਸਿਆ ਕਿ ਹੁਸ਼ਿਆਰਪੁਰ ਦੇ ਵਸਨੀਕ ਲਖਵੀਰ ਚੰਦ ਦੀ ਜ਼ਮੀਨ ਸਮੇਤ ਕੁਲ 4 ਬੰਦਿਆਂ ਦੀਆਂ ਜਾਇਦਾਦਾਂ ਜਬਤ ਕੀਤੀਆਂ ਗਈਆਂ ਨੇ । Byte

ਓਹਨਾ ਆਮ ਨਾਗਰਿਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਕਿਸੇ ਵੀ ਸ਼ੱਕੀ ਗਤੀਵਿਧੀ ਦੀ ਸੂਚਨਾ, ਤੁਰੰਤ ਪੁਲਿਸ ਨੂੰ ਦਿੱਤੀ ਜਾਵੇ, ਕਿਉਂਕਿ

ਨਸ਼ਿਆਂ ਨਾਲ ਸਬੰਧਤ ਅਪਰਾਧਾਂ ਨੂੰ ਜੜ੍ਹੋਂ ਖਤਮ ਕਰਨ ਲਈ ਸਮੂਹਿਕ ਲੜਾਈ ਦੀ ਲੋੜ ਏ ।

---------------------------------------------------------------------------

ਮੌਸਮ ਵਿਭਾਗ ਨੇ ਅਗਲੇ ਤਿੰਨ ਦਿਨ ਤੱਕ, ਪੰਜਾਬ ਅਤੇ ਹਰਿਆਣਾ'ਚ ਮੌਸਮ ਸਾਫ਼ ਰਹਿਣ ਦੀ ਪੇਸ਼ੀਨਗੋਈ ਕੀਤੀ ਏ। ਨਾਲ ਹੀ ਵਿਭਾਗ ਨੇ ਦੱਸਿਆ ਏ ਕਿ ਸੀਤ ਲਹਿਰ ਦੇ ਹਾਲਾਤ ਬਣੇ ਰਹਿਣਗੇ. ਇਸ ਬਾਰੇ ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ ਸ੍ਰੀ ਸੁਰਿੰਦਰ ਪਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ

---------------------------------------------------------------------------

ਫਤਹਿਗੜ੍ਹ ਸਾਹਿਬ ਵਿਚ ਅਮਲੋਹ -ਮੰਡੀ ਗੋਬਿੰਦਗੜ੍ਹ ਸੜਕ 'ਤੇ ਕਰੀਬ 3 ਵਜੇ, ਕਾਰ ਤੇ ਮੋਟਰਸਾਈਕਲ ਦੀ ਟੱਕਰ ਵਿੱਚ, ਦੋ ਵਿਦਿਆਰਥੀਆਂ ਦੀ ਮੌਕੇ ਤੇ ਹੀ ਮੌਤ ਹੋ ਗਈ ਏ । ਸਾਡੇ ਪਤਰਕਾਰ ਨੇ ਖਬਰ ਦਿਤੀ ਏ ਕਿ ਇਹ ਹਾਦਸਾ ਉਸ ਵੇਲੇ ਵਾਪਰਿਆ ਜਦੋਂ ਅਮਲੋਹ ਤੋਂ ਗੋਬਿੰਦਗੜ੍ਹ ਵਲ ਜਾ ਰਹੀ ਕਾਰ ਅਤੇ ਗੋਬਿੰਦਗੜ੍ਹ ਤੋਂ ਅਮਲੋਹ ਜਾ ਰਹੇ ਮੋਟਰਸਾਈਕਲ ਦੀ ਟੱਕਰ ਹੋ ਗਈ ।

ਉਨ੍ਹਾਂ ਦਸਿਆ ਕਿ ਮ੍ਰਿਤਕਾਂ ਦੀ ਪਛਾਣ ,ਦੇਸ ਭਗਤ ਯੂਨੀਵਰਸਿਟੀ ਵਿੱਚ ਪੜਾਈ ਕਰ ਰਹੇ ਦੋ ਵਿਦੇਸੀ ਵਿਦਿਆਰਥੀਆਂ ਵਜੋਂ ਹੋਈ ਏ। ਪੁਲਿਸ ਨੇ ਕਾਰ ਚਾਲਕ ਨੂੰ ਹਿਰਾਸਤ ਵਿੱਚ ਲੈ ਲਿਆ ਏ ।

---------------------------------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ 18 ਦਸੰਬਰ ਨੂੰ ਅੰਤਰ-ਰਾਸ਼ਟਰੀ ਕ੍ਰਿਕਟ ਤੋਂ ਸੰਨਿਆਸ ਲੈਣ ਐਲਾਨ ਕਰਨ ਵਾਲੇ, ਰਵੀਚੰਦਰਨ ਅਸ਼ਵਿਨ ਨੂੰ ਇੱਕ ਭਾਵਨਾਤਮਕ ਖੁੱਲਾ ਪੱਤਰ ਲਿਖਿਆ ਏ, ਜਿਸ ਵਿੱਚ ਸ੍ਰੀ ਮੋਦੀ ਨੇ ਅਸ਼ਵਿਨ ਦਾ, ਕ੍ਰਿਕਟ ਅਤੇ ਦੇਸ਼ ਵਿੱਚ ਉਨ੍ਹਾਂ ਵਲੋਂ ਪਾਏ ਬੇਮਿਸਾਲ ਯੋਗਦਾਨ ਲਈ ਧੰਨਵਾਦ ਕੀਤਾ ਏ। ਬਾਰਡਰ-ਗਾਵਸਕਰ ਟਰਾਫੀ ਦੇ ਅੱਧ ਵਿਚਕਾਰ ਅਸ਼ਵਿਨ ਵੱਲੋਂ, ਅਚਾਨਕ ਐਲਾਨੇ ਗਏ ਸੰਨਿਆਸ ਨੇ ਦੁਨੀਆ ਭਰ ਦੇ ਕ੍ਰਿਕਟ ਪ੍ਰਸ਼ੰਸਕਾਂ ਨੂੰ ਹੈਰਾਨ ਕਰ ਦਿੱਤਾ। ਆਪਣੇ ਪੱਤਰ ਵਿੱਚ, ਪ੍ਰਧਾਨ ਮੰਤਰੀ ਮੋਦੀ ਨੇ ਅਸ਼ਵਿਨ ਦੀਆਂ 765 ਅੰਤਰ-ਰਾਸ਼ਟਰੀ ਵਿਕਟਾਂ ਅਤੇ ਟੈਸਟ ਵਿੱਚ ਸਭ ਤੋਂ ਵੱਧ ਪਲੇਅਰ ਆਫ ਦਿ ਸੀਰੀਜ਼ ਅਵਾਰਡਾਂ ਲਈ, ਉਨ੍ਹਾਂ ਦੇ ਸਾਂਝੇ ਰਿਕਾਰਡ ਨੂੰ ਉਜਾਗਰ ਕਰਦੇ ਹੋਏ,ਨਵੀਂ ਕਿਸਮ ਦੀ ਗੇਂਦਬਾਜ਼ੀ ਭਿੰਨਤਾਵਾਂ ਅਤੇ ਵਿਰੋਧੀਆਂ ਉੱਤੇ ਹਾਵੀ

ਹੋਣ ਦੀ ਯੋਗਤਾ ਦੀ ਸ਼ਲਾਘਾ ਕੀਤੀ। ਓਹਨਾਂ ਨੇ ਅਹਿਮ ਪਲਾਂ ਦੌਰਾਨ, ਅਸ਼ਵਿਨ ਦੇ ਦਿਮਾਗੀ ਤੌਰ'ਤੇ ਸੁਚੇਤ ਰਹਿਣ ਦੀ ਤਾਰੀਫ਼ ਕੀਤੀ ਅਤੇ ਉਮੀਦ ਜ਼ਾਹਰ ਕੀਤੀ ਕਿ ਉਨ੍ਹਾਂ ਦੀ ਸ਼ਾਨਦਾਰ ਕ੍ਰਿਕਟ ਬੁੱਧੀਮਤਾ, ਆਉਣ ਵਾਲੀਆਂ ਪੀੜ੍ਹੀਆਂ ਨੂੰ ਪ੍ਰੇਰਿਤ ਕਰੇਗੀ।

---

ਔਰਤਾਂ ਦੇ ਟਵੈਂਟੀ-ਟਵੈਂਟੀ ਏਸ਼ੀਆ ਕੱਪ ਵਿੱਚ ਭਾਰਤ ਨੇ, ਕੁਆਲਾਲੰਪੁਰ ਵਿੱਚ ਅੰਡਰ-19 ਮਹਿਲਾ ਟੀ-20 ਏਸ਼ੀਆ ਕੱਪ ਦੇ ਫਾਈਨਲ 'ਚ ਬੰਗਲਾਦੇਸ਼ ਨੂੰ 41 ਦੌੜਾਂ ਨਾਲ ਹਰਾ ਕੇ ਖ਼ਿਤਾਬ ਜਿੱਤ ਲਿਆ ਏ। ਪਹਿਲਾਂ ਬੱਲੇਬਾਜ਼ੀ ਕਰਦੇ ਹੋਏ ਭਾਰਤ ਨੇ, 20 ਓਵਰਾਂ 'ਚ ਸੱਤ ਵਿਕਟਾਂ 'ਤੇ 117 ਦੌੜਾਂ ਬਣਾਈਆਂ। ਜੀ. ਤ੍ਰਿਸ਼ਾ ਨੇ ਸਭ ਤੋਂ ਵੱਧ 47 ਗੇਂਦਾਂ ਵਿੱਚ 52 ਦੌੜਾਂ ਦਾ ਯੋਗਦਾਨ ਪਾਇਆ। ਬੰਗਲਾਦੇਸ਼ ਦੀ ਟੀਮ 118 ਦੌੜਾਂ ਦੇ ਟੀਚੇ ਦੇ ਜਵਾਬ 'ਚ, 18 ਓਵਰਾਂ ਅਤੇ ਤਿੰਨ ਗੇਂਦਾਂ 'ਚ 76 ਦੌੜਾਂ 'ਤੇ ਹੀ ਸਿਮਟ ਗਈ। ਇਸ ਟੂਰਨਾਮੈਂਟ ਵਿੱਚ ਏਸ਼ੀਆ ਦੀਆਂ ਸਰਵੋਤਮ ਛੇ

ਟੀਮਾਂ ਨੇ ਹਿੱਸਾ ਲਿਆ। ਭਾਰਤ ਨੇ ਨਿੱਕੀ ਪ੍ਰਸਾਦ ਦੀ ਕਪਤਾਨੀ ਵਿੱਚ ਇਹ ਮੁਕਾਬਲਾ ਜਿੱਤਿਆ।

---------------------------------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਭਲਕੇ ਰੋਜ਼ਗਾਰ ਮੇਲੇ ਦੌਰਾਨ ਵੀਡੀਓ ਕਾਨਫਰੰਸਿੰਗ ਰਾਹੀਂ, ਨਵੇਂ ਨਿਯੁਕਤ ਕੀਤੇ ਗਏ ਨੌਜਵਾਨਾਂ ਨੂੰ 71 ਹਜ਼ਾਰ ਤੋਂ ਵੱਧ ਨਿਯੁਕਤੀ ਪੱਤਰ ਵੰਡਣਗੇ।
- ਮੋਹਾਲੀ ਵਿਚ ਹਾਦਸਾਗ੍ਰਸਤ ਹੋਈ ਇਮਾਰਤ ਵਿਚ ਬਚਾਅ ਕਾਰਜ ਮੁਕੰਮਲ ਹੋਏ।
- 10ਵੇਂ ਪਾਤਸ਼ਾਹ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਵੱਡੇ ਸਾਹਿਬਜ਼ਾਦਿਆਂ ਤੇ ਸ੍ਰੀ ਚਮਕੌਰ ਸਾਹਿਬ ਦੇ ਸਮੂਹ ਸਿੰਘਾਂ ਸ਼ਹੀਦਾਂ ਦੀ ਯਾਦ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਗੁਰਮਤਿ ਸਮਾਗਮ ਦਾ ਆਯੋਜਨ।
- ਜਲੰਧਰ ਦਿਹਾਤੀ ਪੁਲਿਸ ਨੇ, ਨਸ਼ਾ ਤਸਕਰਾਂ ਖਿਲਾਫ ਕਰਵਾਈ ਕਰਦਿਆਂ, ਚਾਰ ਮਾਮਲਿਆਂ ਵਿੱਚ ਸ਼ਾਮਲ ਅਪਰਾਧੀਆਂ ਦੀਆਂ,

ਸਾਢੇ 84 ਲੱਖ ਰੁਪਏ ਤੋਂ ਵੱਧ  ਦੀਆਂ ਜਾਇਦਾਦਾਂ ਜ਼ਬਤ ਕੀਤੀਆਂ ।

- ਭਾਰਤ ਨੇ ਕੁਆਲਾਲੰਪੁਰ ਵਿੱਚ, ਔਰਤਾਂ ਦੇ ਟਵੈਂਟੀ-ਟਵੈਂਟੀ ਏਸ਼ੀਆ ਕੱਪ ਦਾ ਖ਼ਿਤਾਬ ਜਿਤਿਆ।